# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 11-12-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ, ਰਾਸ਼ਟਰੀ ਪੰਚਾਇਤ ਪੁਰਸਕਾਰ ਪ੍ਰਦਾਨ ਕੀਤੇ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਮਾਰਟ ਇੰਡੀਆ ਹੈਕਾਥੌਨ-2024 ਦੇ ਗ੍ਰੈਂਡ ਫਿਨਾਲੇ ਵਿੱਚ ਨੌਜਵਾਨ ਖੋਜਕਾਰਾਂ ਨੂੰ ਕੀਤਾ ਸੰਬੋਧਨ - ਕਿਹਾ ਕਿ ਜਿਵੇਂ-ਜਿਵੇਂ ਦੇਸ਼ ਇਕ ਵੱਡੇ ਪੱਧਰ 'ਤੇ ਡਿਜੀਟਲੀ ਜੁੜਦਾ ਜਾ ਰਿਹਾ ਏ, ਓਸੇ ਤਰਾਂ ਸਾਈਬਰ ਕ੍ਰਾਈਮ ਨਾਲ ਸੰਬਧਤ ਖਤਰੇ ਵੀ ਲਗਾਤਾਰ ਵਧਦੇ ਜਾ ਰਹੇ ਨੇ।
- ਰੰਗਲਾ ਪੰਜਾਬ ਪੈਦਲ ਯਾਤਰਾ ਹੋਈ ਸਮਾਪਤ -ਰਾਜਪਾਲ ਨੇ ਕਿਹਾ ਕੇ ਨਸ਼ਿਆਂ ਦੇ ਖਾਤਮੇ ਲਈ ਅੰਤਰ-ਧਰਮ ਸੰਵਾਦ ਜਲਦ, ਸਾਰੇ ਧਰਮਾਂ ਦੇ ਲੋਕਾਂ ਨੂੰ ਨਾਲ ਲੈ ਕੇ ਉਸਾਰੀ ਜਾਵੇਗੀ ਲੋਕ ਲਹਿਰ।

- ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ, ਮਹਿਲਾ  ਤੇ ਬਾਲ ਵਿਕਾਸ ਵਿਭਾਗ ਤੋਂ, 6 ਮਹੀਨਿਆਂ ਵਿੱਚ ਪਲੇਅ ਵੇਅ ਸਕੂਲਾਂ ਲਈ ਰਜਿਸਟ੍ਰੇਸ਼ਨ ਕਰਵਾਉਣਾ ਲਾਜਮੀ ਹੋਇਆ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ, ਰਾਸ਼ਟਰੀ ਪੰਚਾਇਤ ਪੁਰਸਕਾਰ ਪ੍ਰਦਾਨ ਕੀਤੇ । ਇਸ ਸਾਲ,  ਜ਼ਮੀਨੀ ਪੱਧਰ ਦੇ ਪ੍ਰਸ਼ਾਸਨ ਅਤੇ ਸਮਾਜ ਦੇ ਵਿਕਾਸ ਵਿੱਚ ਉਨ੍ਹਾਂ ਦੀਆਂ ਵਿਆਪਕ ਪ੍ਰਾਪਤੀਆਂ ਨੂੰ ਦਰਸਾਉਂਦੇ ਹੋਏ ਕੁੱਲ 45 ਵਿਅਕਤੀਆਂ ਨੂੰ ਵੱਖ-ਵੱਖ ਸ਼੍ਰੇਣੀਆਂ ਵਿੱਚ ਪੁਰਸਕਾਰ ਪ੍ਰਦਾਨ ਕੀਤੇ ਗਏ ।ਇਸ ਮੌਕੇ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਪੁਰਸਕਾਰ ਪ੍ਰਪਤ ਕਾਰਨ ਵਾਲਿਆਂ ਨੂੰ  ਵਧਾਈ ਦਿਤੀ। ਉਨ੍ਹਾਂ ਕਿਹਾ ਕਿ ਇਹ ਪੁਰਸਕਾਰ ਹੋਰ ਵਧੇਰੇ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਨਗੇ। ਸਮਾਗਮ ਦੌਰਾਨ ਪੰਚਾਇਤੀ ਰਾਜ ਮੰਤਰੀ, ਪੁਰਸਕਾਰ ਜੇਤੂ ਪੰਚਾਇਤਾਂ ਦੇ ਨਵੇਂ ਅਤੇ ਪ੍ਰਭਾਵਸ਼ਾਲੀ ਕਾਰਜ ਅਭਿਆਸਾਂ ਬਾਰੇ ਇੱਕ ਕਿਤਾਬਚਾ ਜਾਰੀ ਕੀਤਾ । ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਇਨ੍ਹਾਂ ਪੁਰਸਕਾਰਾਂ

ਦਾ ਉਦੇਸ਼, ਹੋਰ ਪੰਚਾਇਤਾਂ ਨੂੰ ਵਧੀਆ ਅਭਿਆਸਾਂ ਨੂੰ ਅਪਣਾਉਣ ਅਤੇ ਗ੍ਰਾਮੀਣ ਭਾਰਤ ਦੇ ਸਮੁੱਚੇ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨਾ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਜਿਵੇਂ ਦੇਸ਼ ਇਕ ਵੱਡੇ ਪੱਧਰ 'ਤੇ ਡਿਜੀਟਲੀ ਜੁੜਦਾ ਜਾ ਰਿਹਾ ਏ, ਓਸੇ ਤਰਾਂ ਸਾਈਬਰ ਕ੍ਰਾਈਮ ਨਾਲ ਸੰਬਧਤ ਖਤਰੇ ਵੀ ਲਗਾਤਾਰ ਵਧਦੇ ਜਾ ਰਹੇ ਨੇ। ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਸਮਾਰਟ ਇੰਡੀਆ ਹੈਕਾਥੌਨ 2024 ਦੇ ਗ੍ਰੈਂਡ ਫਿਨਾਲੇ ਵਿੱਚ ਨੌਜਵਾਨ ਖੋਜਕਾਰਾਂ ਨਾਲ ਗੱਲਬਾਤ ਕਰਦਿਆਂ , ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ, ਦੁਨੀਆ ਦੀਆਂ ਪ੍ਰਮੁੱਖ ਡਿਜੀਟਲ ਅਰਥ-ਵਿਵਸਥਾਵਾਂ ਵਿੱਚੋਂ ਇੱਕ ਏ। ਨੌਜਵਾਨ ਖੋਜਕਾਰਾਂ ਦੀ ਸ਼ਲਾਘਾ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਦੇ ਭਾਰਤ ਲਈ, ਇਨ੍ਹਾਂ ਸਾਰਿਆਂ ਦਾ ਵੱਖਰਾ ਨਜ਼ਰੀਆ ਏ। ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੇ ਹੱਲ ਭਾਰਤ ਦੇ ਭਵਿੱਖ ਲਈ ਮਹੱਤਵਪੂਰਨ ਨੇ ਅਤੇ ਲੱਖਾਂ ਲੋਕਾਂ ਦੇ ਜੀਵਨ ਨੂੰ ਬਦਲ ਸਕਦੇ ਨੇ।

**BYTE-**

ਸ੍ਰੀ ਮੋਦੀ ਨੇ ਇਹ ਵੀ ਦੁਹਰਾਇਆ ਕਿ ਅੱਜ ਦਾ ਭਾਰਤ, ਸਾਰਿਆਂ ਦੇ ਸਾਂਝੇ ਉਪਰਾਲਿਆਂ ਨਾਲ ਹੀ ਤੇਜ਼ ਰਫ਼ਤਾਰ ਨਾਲ ਅੱਗੇ ਵੱਧ ਸਕਦਾ ਏ। ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਨ੍ਹਾਂ ਖੋਜਕਾਰਾਂ ਨੇ, ਉਨ੍ਹਾਂ ਨੂੰ ਕਦੇ ਨਿਰਾਸ਼ ਨਹੀਂ ਕੀਤਾ ਅਤੇ ਉਨ੍ਹਾਂ ਦਾ ਮਨੋਬਲ ਵਧਾਇਆ ਏ। ਉਨ੍ਹਾਂ ਜ਼ਿਕਰ ਕੀਤਾ ਕਿ ਸਮਾਰਟ ਇੰਡੀਆ ਹੈਕਾਥਨ ਦੀਆਂ ਪਿਛਲੀਆਂ ਟੀਮਾਂ ਵਲੋਂ ਪੇਸ਼ ਕੀਤੇ ਗਏ ਹੱਲ ਹੁਣ ਵੱਖ-ਵੱਖ ਮੰਤਰਾਲਿਆਂ ਦੁਆਰਾ ਵਰਤੇ ਜਾ ਰਹੇ ਹਨ, ਜਿਸ ਨਾਲ ਦੇਸ਼ ਭਰ ਵਿੱਚ ਮਹੱਤਵਪੂਰਨ ਪ੍ਰਭਾਵ ਪੈ ਰਿਹਾ ਏ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਹਰ ਬੱਚਾ ਵਿਸ਼ੇਸ਼ ਏ ਅਤੇ ਵਧਣ-ਫੁੱਲਣ ਦੇ ਮੌਕੇ ਦਾ ਹੱਕਦਾਰ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸੇ ਨੂੰ ਵੀ ਪਿੱਛੇ ਨਹੀਂ ਛੱਡਿਆ ਜਾਣਾ ਚਾਹੀਦਾ ਅਤੇ ਨਾ ਹੀ ਕਿਸੇ ਨੂੰ ਵੱਖ ਕੀਤਾ ਜਾਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਇਸ ਨੂੰ ਪ੍ਰਾਪਤ ਕਰਨ ਲਈ, ਨਵੇਂ ਹੱਲਾਂ ਦੀ ਲਗਾਤਾਰ ਲੋੜ ਹੁੰਦੀ ਏ।

---------------------------------------------------------------

ਇਸ ਗ੍ਰੈਂਡ ਫਿਨਾਲੇ ਦੇ ਸਾਫਟਵੇਅਰ ਐਡੀਸ਼ਨ ਵਿਚ ਪੰਜਾਬ ਦੀਆਂ ਦੋ ਵਿਦਿਅਕ ਸੰਸਥਾਵਾਂ ਵਲੋਂ ਵੀ ਹਿਸਾ ਲਿਆ ਗਿਆ ਏ । ਚੰਡੀਗੜ੍ਹ ਨੇੜੇ ਮੁਹਾਲੀ ਦੇ ਚੰਡੀਗੜ੍ਹ ਕਾਲਜ ਆਫ਼ ਇੰਜਨੀਅਰਿੰਗ ਵਿੱਚ ਹੋਏ ਇਸ ਪ੍ਰੋਗਰਾਮ ਵਿਚ ਹਿਸਾ ਲੈਣ ਵਾਲੇ ਵਿਦਿਆਰਥੀਆਂ ਨੇ ਪ੍ਰਧਾਨ ਮੰਤਰੀ ਦੇ ਸੰਬੋਧਨ ਤੋਂ ਉਤਸਾਹਿਤ ਹੋਕੇ ਦੱਸਿਆ

**BYTE**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਵਿਚ ਵੀ ਇਹ ਆਯੋਜਿਤ ਕੀਤਾ ਗਯਾ।

---------------------------------------------------------------

ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ, ਕਿ ਜੇਕਰ ਸਦਨ ਵਿੱਚ ਸਹਿਮਤੀ ਬਣਦੀ ਏ, ਤਾਂ ਸਰਕਾਰ ਆਰਟੀਫੀਸ਼ੀਅਲ ਇੰਟੈਲੀਜੈਂਸ-AI ਬਾਰੇ ਕਾਨੂੰਨ ਬਣਾਉਣ ਲਈ ਤਿਆਰ ਏ। ਅੱਜ ਲੋਕ ਸਭਾ ਵਿੱਚ ਇੱਕ ਪੂਰਕ ਸਵਾਲ ਦੇ ਜਵਾਬ ਵਿੱਚ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਪ੍ਰਗਟਾਵੇ ਦੀ ਆਜ਼ਾਦੀ ਅਤੇ

ਆਰਟੀਫੀਸ਼ੀਅਲ ਇੰਟੈਲੀਜੈਂਸ 'ਤੇ ਨੈਤਿਕਤਾ ਆਧਾਰਿਤ ਕਾਨੂੰਨੀ ਢਾਂਚੇ ਵਿਚਕਾਰ ਸੰਤੁਲਨ ਬਣਾਉਣ ਦੀ ਲੋੜ ਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ, ਇੱਕ ਵਿਆਪਕ ਭਾਰਤ ਏ.ਆਈ. ਮਿਸ਼ਨ ਸ਼ੁਰੂ ਕੀਤਾ ਗਿਆ ਏ।

---------------------------------------------------

ਭਾਰਤ ਦੀ ਖੁਰਾਕ ਸੁਰਖਿਆ ਅਤੇ ਮਿਆਰਾਂ ਬਾਰੇ ਅਥਾਰਟੀ (FSSAI) ਨੇ ਖਾਣ ਵਾਲੀਆਂ ਡੱਬਾ ਬੰਦ ਵਸਤਾਂ ਦੇ ਲੇਬਲਾਂ 'ਤੇ ਖੰਡ, ਨਮਕ ਅਤੇ ਸੰਬੰਧਿਤ FAT ਬਾਰੇ ਪੋਸ਼ਣ ਸੰਬੰਧੀ ਜਾਣਕਾਰੀ ਮੋਟੇ ਅੱਖਰਾਂ ਅਤੇ ਵੱਡੇ ਫੌਂਟ ਆਕਾਰ ਵਿੱਚ ਦਿਖਾਉਣਾ ਲਾਜ਼ਮੀ ਕਰ ਦਿੱਤਾ ਏ। ਲੋਕ ਸਭਾ ਵਿੱਚ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ, ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਬਾਰੇ ਰਾਜ ਮੰਤਰੀ, ਬੀ.ਐਲ. ਵਰਮਾ ਨੇ ਦੱਸਿਆ ਕਿ ਖਪਤਕਾਰਾਂ ਨੂੰ, ਓਨਾ ਵੱਲੋਂ ਵਰਤੇ ਜਾ ਰਹੇ ਉਤਪਾਦ ਦੇ ਪੌਸ਼ਟਿਕ ਮੁੱਲ ਨੂੰ ਬਿਹਤਰ ਢੰਗ ਨਾਲ ਸਮਝ ਸਕਣ ਦੇ ਸਮਰਥ ਬਣਾਉਣ ਲਈ, ਇਸ ਸਾਲ 19 ਜੂਨ ਨੂੰ ਲਾਜ਼ਮੀ ਦਿਸ਼ਾ-ਨਿਰਦੇਸ਼ਾਂ ਨੂੰ ਮਨਜ਼ੂਰੀ ਦਿੱਤੀ ਗਈ ਸੀ, ਤਾਂ ਜੋ ਓਹ ਇਸ ਸੰਬੰਧੀ ਸਿਹਤਮੰਦ ਫੈਸਲੇ ਲੈਣ। ਓਹਨਾਂ ਕਿਹਾ ਕਿ ਖਪਤਕਾਰਾਂ ਦੇ ਹਿੱਤ ਵਿੱਚ ਅਥਾਰਟੀ ਨੇ, ਖੁਰਾਕ ਸੁਰਖਿਆ ਅਤੇ

ਮਿਆਰਾਂ ਬਾਰੇ (ਨਵਜੰਮੇ ਬਚਿਆਂ ਦੇ ਪੋਸ਼ਣ ਲਈ ਖੁਰਾਕ) ਨੇਮਬਦੀਆਂ 2020 ਨੂੰ ਨੋਟੀਫਾਈ  ਕੀਤਾ ਏ, ਜੋ ਨਵਜੰਮੇ ਬਚਿਆਂ ਦੀ ਖੁਰਾਕ ਤੇ ਫਾਰਮੂਲਿਆਂ ਦੀਆਂ ਵੱਖ-ਵੱਖ ਸ਼੍ਰੇਣੀਆਂ ਲਈ ਮਾਪਦੰਡ ਤੈਅ ਕਰਦਾ ਏ, ਜੋ ਖੁਰਾਕੀ ਕਾਰੋਬਾਰ ਚਲਾਉਣ ਵਾਲਿਆਂ (FBOs) ਨੂੰ ਨਵਜੰਮੇ ਬਚਿਆਂ ਲਈ, ਪੋਸ਼ਣ ਵਾਸਤੇ  ਖੁਰਾਕੀ ਵਸਤਾਂ ‘ਤੇ ਕਾਰਬੋਹਾਈਡਰੇਟ ਦੇ ਤਰਜੀਹੀ ਸਰੋਤ ਨੂੰ ਸਪਸ਼ਟ ਤੌਰ ‘ਤੇ ਦਸਣਾ ਲਾਜ਼ਮੀ ਬਣਾਉਂਦਾ ਏ। ਮੰਤਰੀ ਨੇ ਕਿਹਾ ਕਿ FSSAI ਅਤੇ ਸੂਬਾ  ਖੁਰਾਕ ਸੁਰਖਿਆ ਅਥਾਰਟੀਆਂ, ਬੱਚਿਆਂ ਦੇ ਖੁਰਾਕੀ ਉਤਪਾਦਾਂ ਸਮੇਤ, ਖੁਰਾਕੀ ਉਤਪਾਦਾਂ ਦੀ ਨਿਯਮਤ ਨਿਗਰਾਨੀ ਤੇ ਨਿਰੀਖਣ ਕਰਦਿਆਂ ਨੇ ਅਤੇ ਨਮੂਨੇ ਲੈਂਦੀਆਂ ਨੇ ।  ਓਹਨਾਂ ਇਹ ਵੀ ਕਿਹਾ ਕਿ ਖੁਰਾਕੀ ਕਾਰੋਬਾਰ ਚਲਾਉਣ ਵਾਲਿਆਂ ਨੂੰ ਕਿਹਾ ਗਿਆ ਏ ਕਿ, ਖੰਡ ਅਤੇ ਖਾਸ ਖੁਰਾਕੀ ਤੱਤਾਂ ਸਮੇਤ, ਇਹਨਾਂ ਨੇਮਾਂ ਤਹਿਤ ਲੇਬਲਿੰਗ ਜਰੂਰਤਾਂ  ਅਤੇ ਮਿਆਰਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ।

---

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ‘ਨਸ਼ਾ ਮੁਕਤ-

ਰੰਗਲਾ ਪੰਜਾਬ' ਮੁਹਿੰਮ ਤਹਿਤ ਨਸ਼ਿਆਂ ਖਿਲਾਫ਼ ਕੱਢੀ ਗਈ ਦੋ ਦਿਨਾਂ ਪੈਦਲ ਯਾਤਰਾ ਦੇ ਦੂਜੇ ਤੇ ਆਖਰੀ ਦਿਨ, ਜੰਗ-ਏ-ਆਜ਼ਾਦੀ ਯਾਦਗਾਰ ਵਿਖੇ ਸਮਾਪਤੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਸ ਯਾਤਰਾ ਵਿੱਚ ਵੱਡੀ ਗਿਣਤੀ ਔਰਤਾਂ ਤੇ ਨੌਜਵਾਨ ਮੁੰਡੇ ਕੁੜੀਆਂ ਦੀ ਸ਼ਮੂਲੀਅਤ, ਰੰਗਲੇ ਪੰਜਾਬ ਦੀ ਸਿਰਜਣਾ ਲਈ ਸ਼ੁਭ ਸੰਕੇਤ ਏ। ਸ੍ਰੀ ਕਟਾਰੀਆ ਨੇ ਕਿਹਾ ਕਿ ਪੰਜਾਬ ਮਹਾਨ ਗੁਰੂਆਂ ਅਤੇ ਸ਼ਹੀਦਾਂ ਦੀ ਧਰਤੀ ਏ , ਜਿਨ੍ਹਾਂ ਸੂਬੇ, ਦੇਸ਼ ਅਤੇ ਕੌਮ ਲਈ ਮਹਾਨ ਕੁਰਬਾਨੀਆਂ ਦਿੱਤੀਆਂ। ਇਸ ਲਈ ਸਾਡਾ ਫਰਜ਼ ਬਣਦਾ ਏ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਅਤੇ ਪੰਜਾਬ ਦੀ ਅਮੀਰ ਵਿਰਾਸਤ ਦੀ ਬਹਾਲੀ ਲਈ ਨਸ਼ਿਆਂ ਖਿਲਾਫ਼ ਲੜਾਈ ਵਿੱਚ ਯੋਗਦਾਨ ਪਾਈਏ। ਉਨ੍ਹਾਂ ਕਿਹਾ ਕਿ 10 ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲ ਕੇ ਇਸ ਅਲਾਮਤ 'ਤੇ ਕਾਬੂ ਪਾਇਆ ਜਾ ਸਕਦਾ ਏ। ਉਨ੍ਹਾਂ ਕਿਹਾ ਕਿ ਨਸ਼ੇ ਵਿਰੁੱਧ ਜੰਗ ਨੂੰ ਸਿਰਫ਼ ਸਰਕਾਰਾਂ ਦੀਆਂ ਕੋਸ਼ਿਸ਼ਾਂ ਤੱਕ ਹੀ ਸੀਮਤ ਨਹੀਂ ਕੀਤਾ ਜਾ ਸਕਦਾ, ਸਗੋਂ ਜਦੋਂ ਲੋਕ ਆਪਸੀ ਸਮਝ ਅਤੇ ਜ਼ਿੰਮੇਵਾਰੀ ਨਾਲ ਇਸ ਲੜਾਈ ਵਿੱਚ ਸ਼ਾਮਲ ਹੁੰਦੇ ਨੇ , ਤਾਂ ਅਜਿਹੀਆਂ ਮੁਹਿੰਮਾਂ ਦੀ ਸਫ਼ਲਤਾ ਹੋਰ ਯਕੀਨੀ

ਬਣਦੀ ਏ । ਰਾਜਪਾਲ ਨੇ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਜਲਦ ਹੀ ਅੰਤਰ-ਧਰਮ ਸੰਵਾਦ ਕਰਵਾਇਆ ਜਾਵੇਗਾ ਅਤੇ ਸਾਰੇ ਧਰਮਾਂ ਦੇ ਲੋਕਾਂ ਨੂੰ ਨਾਲ ਲੈ ਕੇ, ਨਸ਼ਿਆਂ ਖਿਲਾਫ਼ ਲੋਕ ਲਹਿਰ ਉਸਾਰੀ ਜਾਵੇਗੀ। ਇਸ ਮੌਕੇ ਉਘੇ ਦੌੜਾਕ ਫੌਜਾ ਸਿੰਘ ਦਾ ਸਨਮਾਨ ਕਰਦਿਆਂ, ਰਾਜਪਾਲ ਨੇ ਕਿਹਾ ਕਿ ਕਰੀਬ 113 ਸਾਲ ਦੀ ਉਮਰ ਵਿੱਚ ਨਸ਼ਿਆਂ ਖਿਲਾਫ਼ ਜੰਗ ਵਿੱਚ ਨਿੱਤਰ ਕੇ, ਫੌਜਾ ਸਿੰਘ ਨੇ ਮਿਸਾਲ ਪੈਦਾ ਕੀਤੀ ਏ , ਜਿਸ ਤੋਂ ਹਰੇਕ ਪੰਜਾਬੀ ਨੂੰ ਪ੍ਰੇਰਨਾ ਲੈਂਦਿਆਂ ਨਸ਼ਿਆਂ ਨੂੰ ਜੜ੍ਹੋਂ ਪੁੱਟ ਸੁੱਟਣ ਦਾ ਅਹਿਦ ਕਰਨਾ ਚਾਹੀਦਾ ਏ । ਸਾਬਕਾ ਰਾਜ ਸੂਚਨਾ ਕਮਿਸ਼ਨਰ ਤੇ ਉੱਘੇ ਲੇਖਕ ਖੁਸ਼ਵੰਤ ਸਿੰਘ ਨੂੰ ਵੀ ਇਸ ਮੌਕੇ ਸਨਮਾਨਿਤ ਕੀਤਾ ਗਿਆ ।

---------------------------------------------------------------

ਅਰਲੀ ਚਾਇਲਡ ਕੇਅਰ ਐਜੂਕੇਸ਼ਨ (ECCE) ਕੌਂਸਲ ਦੇ ਸੁਝਾਵਾਂ ਨੂੰ, ਪੰਜਾਬ ਸਰਕਾਰ ਨੇ ਸੂਬੇ ਵਿੱਚ ਇੰਨ ਬਿੰਨ ਲਾਗੂ ਕਰਨ ਦਾ ਫੈਸਲਾ ਕੀਤਾ ਏ । ਸੂਬੇ ਦੇ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ

ਕਾਨਫਰੰਸ ਦੌਰਾਨ ਦੱਸਿਆ ਕਿ ਇਹਨਾਂ ਸੁਝਾਵਾਂ ਦੇ ਲਾਗੂ ਹੋਣ ਨਾਲ, ਸੂਬੇ ਵਿੱਚ ਕੰਮ ਕਰ ਰਹੇ ਨਿੱਜੀ ਪਲੇਅ ਵੇਅ ਸਕੂਲਾਂ ਦਾ ਵਿਭਾਗ ਤੋਂ, 6 ਮਹੀਨਿਆਂ ਵਿੱਚ ਪਲੇਅ ਵੇਅ ਸਕੂਲਾਂ ਲਈ ਰਜਿਸਟ੍ਰੇਸ਼ਨ ਕਰਵਾਉਣਾ ਲਾਜਮੀ ਹੋ ਗਿਆ ਏ। ਉਨ੍ਹਾਂ ਦੱਸਿਆ ਕਿ ਰਜਿਸਟਰਡ ਪਲੇਅ ਵੇਅ ਹੀ, ਹੁਣ ਸੂਬੇ ਵਿੱਚ ਆਪਣੀਆਂ ਸੇਵਾਵਾਂ ਦੇ ਸਕਣਗੇ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਪਲੇਅ ਵੇਅ ਸਕੂਲਾਂ ਨੂੰ ਰਜਿਸਟਰਡ ਕਰਵਾਉਣ ਲਈ, ਆਨਲਾਈਨ ਸਿਸਟਮ ਸਥਾਪਿਤ ਕੀਤਾ ਜਾ ਰਿਹਾ ਏ ਤਾਂ ਜੋ ਕਿਸੇ ਵੀ ਸੰਸਥਾ ਨੂੰ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਸਮਾਂ ਬੱਧ ਅਤੇ ਪਾਰਦਰਸ਼ੀ ਢੰਗ ਨਾਲ, ਰਜਿਸਟਰੇਸ਼ਨ ਪ੍ਰਕਿਰਿਆ ਨੇਪਰੇ ਚੜ੍ਹ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬੇ ਦੇ ਸਾਰੇ ਪਲੇਅ ਵੇਅ ਸਕੂਲਾਂ ਦੀ ਨਿਗਰਾਨੀ ਸੂਬਾ ਪੱਧਰੀ ਈ.ਸੀ.ਸੀ.ਈ ਕੌਂਸਲ ਕਰੇਗੀ , ਜਿਸ ਦੀ ਅਗਵਾਈ ਵਿਭਾਗ ਦੇ ਮੰਤਰੀ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਪਲੇਅ ਵੇਅ ਸਕੂਲਾਂ ਲਈ ਕੌਂਸਲ ਵੱਲੋਂ, 3 ਸਾਲ ਤਕ ਦੇ ਬੱਚਿਆਂ ਲਈ ਨਵਚੇਤਨਾ ਅਤੇ 3 ਤੋਂ 6 ਸਾਲ ਦੇ ਬੱਚਿਆ ਲਈ ਅਧਾਰਸ਼ਿਲਾ ਸਿਲੇਬਸ ਨਿਰਧਾਰਤ ਕੀਤਾ ਗਿਆ ਏ। ਉਨ੍ਹਾਂ ਦੱਸਿਆ ਕਿ

ਆਰ.ਟੀ.ਐਕਟ 2009 ਅਧੀਨ ਆਉਂਦੇ ਸਕੂਲਾਂ ਦੇ ਪ੍ਰੀ-ਪ੍ਰਾਇਮਰੀ ਸਕੂਲਾਂ ਨੂੰ ਵੀ ਇਹ ਰਜਿਸਟਰੇਸ਼ਨ ਕਰਵਾਉਣੀ ਲਾਜਮੀ ਏ । ਮੰਤਰੀ ਨੇ ਦੱਸਿਆ ਕਿ ਪਲੇਅ ਵੇਅ ਸਕੂਲਾਂ ਵਿੱਚ, ਬੱਚਿਆਂ ਨੂੰ ਪੜ੍ਹਾਉਣ ਲਈ ਕਿਤਾਬਾਂ ਪੈਨਸਿਲਾ ਦੀ ਵਰਤੋਂ ਨਹੀ ਕੀਤੀ ਜਾਵੇਗੀ, ਊਨਾ ਨੂੰ ਖੇਡਾਂ ਜ਼ਰੀਏ ਪੜ੍ਹਾਇਆ ਜਾਵੇਗਾ, ਜਿਸ ਨਾਲ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਨਿਖਾਰ ਆਵੇਗਾ। ਉਨ੍ਹਾਂ ਕਿਹਾ ਕਿ ਸਾਰੇ ਪਲੇਅ ਵੇਅ ਸਕੂਲਾਂ ਵਿੱਚ ਖੇਡਣ ਲਈ ਥਾਂ ਅਤੇ ਸੀ.ਸੀ.ਟੀ.ਵੀ ਕੈਮਰੇ ਲਗਾਉਣੇ ਲਾਜਮੀ ਹੋਣਗੇ, ਜਿਸ ਨਾਲ ਬੱਚਿਆ ਦੀ ਨਿਗਰਾਨੀ ਕੀਤੀ ਜਾ ਸਕੇਗੀ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾਉਣ ਸਮੇਂ ਇਹ ਜਾਂਚ ਕਰਨ, ਕਿ ਸਕੂਲ ਰਜਿਸਟਰਡ ਏ ਜਾਂ ਨਹੀ।

--------------------------------------------------------

ਪੰਜਾਬ ਵਿੱਚ, ਸੀਮਾ ਸੁਰੱਖਿਆ ਬਲ (BSF) ਦੇ ਡਾਇਰੈਕਟਰ ਜਨਰਲ ਦਲਜੀਤ ਸਿੰਘ ਚੌਧਰੀ ਨੇ ਅੱਜ ਰਾਜਾ ਮੋਹਤਮ ਦਿਵਸ ਮੌਕੇ ,ਫਿਰੋਜ਼ਪੁਰ ਸਥਿਤ ,ਬਾਰਡਰ ਆਊਟ ਪੋਸਟ ਰਾਜਾ ਮੋਹਤਮ

ਪੁਹੰਚ ਕੇ , 1971 ਦੀ ਜੰਗ ਦੇ ਸ਼ਹੀਦ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ । ਸੀਮਾ ਪਰਹਾਰੀ, ਪਿੰਡ ਵਾਸੀ ਅਤੇ 1971 ਦੇ ਜੰਗੀ ਨਾਇਕਾਂ ਦੇ ਪਰਿਵਾਰਕ ਮੈਂਬਰ ਵੀ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ ਬਹਾਦਰ ਨਾਇਕਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਉੱਥੇ ਇਕੱਠੇ ਹੋਏ। ਇਹ ਦਿਨ 31ਵੀਂ ਬੀ.ਐਸ.ਐਫ ਬਟਾਲੀਅਨ ਦੇ ਅਸਿਸਟੈਂਟ ਕਮਾਂਡੈਂਟ ਆਰ.ਕੇ. ਵਾਧਵਾ, ਦੀ ਯਾਦ ਵਿਚ ਮਨਾਇਆ ਜਾਂਦਾ ਏ , ਜਿਨ੍ਹਾਂ ਨੇ ਅੱਜ ਦੇ ਦਿਨ 1971 ਵਿੱਚ ਭਾਰਤ-ਪਾਕਿਸਤਾਨ ਯੁੱਧ ਦੌਰਾਨ ਆਪਣੇ ਅੱਠ ਬਹਾਦਰ ਸੈਨਿਕਾਂ ਦੇ ਨਾਲ ਰਾਜਾ ਮੋਹਤਮ ਪੋਸਟ ਦੀ ਰੱਖਿਆ ਕਰਦਿਆਂ ,ਆਪਣਾ ਸਰਵਉੱਚ ਬਲੀਦਾਨ ਦਿੱਤਾ ਸੀ। ਉਨ੍ਹਾਂ ਦੀ ਬਹਾਦਰੀ ਦੇ ਸਨਮਾਨ ਵਿੱਚ, ਉਨ੍ਹਾਂ ਨੂੰ ਮਰਨ ਉਪਰੰਤ ਮਹਾਂਵੀਰ ਚੱਕਰ ਨਾਲ ਸਨਮਾਨਿਤ ਕੀਤਾ ਗਿਆ ਸੀ । ਇਸ ਇਤਿਹਾਸਕ ਮੌਕੇ 'ਤੇ ਡੀ.ਜੀ ਬੀਐਸਐਫ ਨੇ "ਰਾਜਾ ਮੋਹਤਮ: ਬੀਐਸਐਫ ਦੀ ਬਹਾਦਰੀ ਦੀ ਅਨਟੋਲਡ ਗਾਥਾ" ਸਿਰਲੇਖ ਵਾਲੀ ਇੱਕ ਦਸਤਾਵੇਜ਼ੀ ਫਿਲਮ ਵੀ ਰਿਲੀਜ਼ ਕੀਤੀ ਅਤੇ ਬੀਓਪੀ ਰਾਜਾ ਮੋਹਤਮ ਅਤੇ ਹੋਰ

ਬੀ.ਓਪੀ.ਜ਼ ਵਿਖੇ ਵਿਸ਼ਵ ਪੱਧਰੀ ਮਹਿਲਾ ਬੈਰਕਾਂ ਦਾ ਉਦਘਾਟਨ ਕੀਤਾ।

---------------------------------------------------------------

ਵਿਸ਼ਵ ਸਿਹਤ ਸੰਗਠਨ ਦੀ ਟੀਮ ਨੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਚੱਲ ਰਹੇ ਪਲਸ ਪੋਲੀਓ ਅਭਿਆਨ ਦੇ ਤਹਿਤ, ਫਾਜ਼ਿਲਕਾ ਸ਼ਹਿਰ ਅਤੇ ਪੇਂਡੂ ਖੇਤਰ ਦਾ ਦੌਰਾ ਕੀਤਾ ਅਤੇ ਭੱਠਿਆਂ , ਝੁੱਗੀ ਝੋਪੜੀਆਂ ਸਮੇਤ ਵੱਖ ਵੱਖ ਥਾਵਾਂ ਤੇ ਪੋਲੀਓ ਰੋਕੂ ਦਵਾਈ ਦੀਆਂ ਬੂੰਦਾ ਪਿਲਾ ਰਹੀਆਂ ਟੀਮਾਂ ਦਾ ਜਾਇਜ਼ਾ ਲਿਆ । SMO ਡਾਕਟਰ ਸੰਦੀਪ ਕੁਮਾਰ ਨੇ ਦੱਸਿਆ ਕਿ ਪਾਕਿਸਤਾਨ ਤੇ ਨਾਲ ਲੱਗਦੇ ਖੇਤਰ ਵਿੱਚ ਪੋਲੀਓ ਦੇ ਮਾਮਲੇ ਸਾਹਮਣੇ ਆ ਨੇ, ਜਿਸ ਕਰਕੇ ਸਰਹੱਦੀ ਖਿਤੇ ਵਿਚ ਪੋਲੀਓ ਦਾ ਖ਼ਤਰਾ ਬਣਿਆ ਹੋਇਆ ਏ । ਉਹਨਾਂ ਨੇ ਟੀਮਾ ਨੂੰ ਹਦਾਇਤ ਕੀਤੀ ਕਿ ਵਿਭਾਗ ਦੀਆਂ ਕੋਸ਼ਿਸ਼ਾਂ ਸਦਕਾ ਹੀ ਭਾਰਤ ਹਲੇ ਤੱਕ ਪੋਲੀਓ ਮੁਕਤ ਏ ਅਤੇ ਅੱਗੇ ਵੀ ਰਹੇਗਾ, ਜਿਸ ਲਈ ਅਭਿਆਨ ਵਿੱਚ ਲਗਾਤਾਰ ਕੰਮ ਜਾਰੀ ਰਹੇਗਾ।

---

ਸਿੱਖਿਆ ਵਿਭਾਗ ਦੇ ਸਕੱਤਰ ਸਕੂਲ ਸਿੱਖਿਆ ਕਮਲ ਕਿਸ਼ੋਰ ਯਾਦਵ ਨੇ, ਜ਼ਿਲ੍ਹਾ ਪਟਿਆਲਾ ਦੇ ਰਾਜਪੁਰਾ ਵਿੱਚ ਪੈਂਦੇ ਪੇਂਡੂ ਖੇਤਰ ਦੇ ਪੀ.ਐਮ. ਸ੍ਰੀ ਸਰਕਾਰੀ ਹਾਈ ਸਕੂਲ ਢਕਾਨਸੂ ਕਲਾਂ ਤੇ ਹੋਰ ਸਕੂਲਾਂ ਦਾ ਦੌਰਾ ਕੀਤਾ। ਉਹਨਾਂ ਸਕੂਲਾਂ ਵਿੱਚ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਹਾਈ ਸਕੂਲ ਦੀ ਈ-ਲਾਇਬ੍ਰੇਰੀ, ਮਿੰਨੀ ਸਾਇੰਸ ਸੈਂਟਰ ਵੀ ਦੇਖਿਆ। ਉਹਨਾਂ ਵਿਦਿਆਰਥੀਆਂ ਦੇ ਮਾਪਿਆਂ ਨਾਲ ਬੱਚਿਆਂ ਦੀ ਪੜ੍ਹਾਈ ਦੇ ਮਿਆਰ ਸੰਬੰਧੀ ਗੱਲਬਾਤ ਵੀ ਕੀਤੀ।

---

## <u>ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ</u>

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ, ਰਾਸ਼ਟਰੀ ਪੰਚਾਇਤ ਪੁਰਸਕਾਰ ਪ੍ਰਦਾਨ ਕੀਤੇ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਮਾਰਟ ਇੰਡੀਆ ਹੈਕਾਥੋਨ-2024 ਦੇ ਗ੍ਰੈਂਡ ਫਿਨਾਲੇ ਵਿੱਚ ਨੋਜਵਾਨ ਖੋਜਕਾਰਾਂ ਨੂੰ ਕੀਤਾ ਸੰਬੋਧਨ - ਕਿਹਾ ਕਿ ਜਿਵੇਂ-ਜਿਵੇਂ ਦੇਸ਼ ਇਕ ਵੱਡੇ ਪੱਧਰ 'ਤੇ

ਡਿਜੀਟਲੀ ਜੁੜਦਾ ਜਾ  ਰਿਹਾ ਏ, ਓਸੇ ਤਰਾਂ ਸਾਈਬਰ ਕ੍ਰਾਈਮ ਨਾਲ ਸੰਬਧਤ ਖਤਰੇ ਵੀ ਲਗਾਤਾਰ ਵਧਦੇ ਜਾ ਰਹੇ ਨੇ।

- ਰੰਗਲਾ ਪੰਜਾਬ ਪੈਦਲ ਯਾਤਰਾ ਹੋਈ ਸਮਾਪਤ -ਰਾਜਪਾਲ ਨੇ ਕਿਹਾ ਕੇ ਨਸ਼ਿਆਂ ਦੇ ਖਾਤਮੇ ਲਈ ਅੰਤਰ-ਧਰਮ ਸੰਵਾਦ ਜਲਦ, ਸਾਰੇ ਧਰਮਾਂ ਦੇ ਲੋਕਾਂ ਨੂੰ ਨਾਲ ਲੈ ਕੇ ਉਸਾਰੀ ਜਾਵੇਗੀ ਲੋਕ ਲਹਿਰ।
- ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ, ਮਹਿਲਾ  ਤੇ ਬਾਲ ਵਿਕਾਸ ਵਿਭਾਗ ਤੋਂ, 6 ਮਹੀਨਿਆਂ ਵਿੱਚ ਪਲੇਅ ਵੇਅ ਸਕੂਲਾਂ ਲਈ ਰਜਿਸਟ੍ਰੇਸ਼ਨ ਕਰਵਾਉਣਾ ਲਾਜਮੀ ਹੋਇਆ।